I/26630/2020

ਜ਼ਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

ਵਾਤਾਵਰਣ ਦੀ ਸ਼ੁੱਧਤਾ ਤੇ ਧਰਤੀ ਦੀ ਉਪਜਾਊ ਸ਼ਕਤੀ ਬਰਕਰਾਰ ਰੱਖਣ ਲਈ ਨਾੜ ਨੂੰ ਅੱਗ ਨਾ ਲਗਾਉਣ ਦੀ ਅਪੀਲ

ਕਿਸਾਨਾਂ ਖੇਤੀਬਾੜੀ ਵਿਭਾਗ ਦੀ ਸਲਾਹ ਨਾਲ ਖੇਤੀ ਕਰਨ

ਗੁਰਦਾਸਪੁਰ, 21 ਮਈ (        ) ਜਨਾਬ ਮੁਹੰਮਦ ਇਸ਼ਫਾਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਵਾਤਾਵਰਣ ਦੀ ਸ਼ੁੱਧਤਾ ਅਤੇ ਧਰਤੀ ਦੀ ਉਪਜਾਊ ਦੀ ਸ਼ਕਤੀ ਬਰਕਰਾਰ ਰੱਖਣ ਲਈ ਕਿਸਾਨ ਕਣਕ ਦੇ ਨਾੜ ਨੂੰ ਅੱਗ ਨਾ ਲਗਾਉਣ ਸਗੋ ਖੇਤੀਬਾੜੀ ਵਿਭਾਗ ਦੀ ਸਲਾਹ ਨਾਲ ਖੇਤੀ ਕਰਨ ਨੂੰ ਤਰਜੀਹ ਦੇਣ। ਉਨਾਂ ਨੇ ਅੱਗੇ ਕਿਹਾ ਕਿ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੀਆਂ ਸਿਫਾਰਿਸ਼ਾਂ 'ਤੇ ਖੇਤੀਬਾੜੀ ਵਿਭਾਗ ਪੰਜਾਬ ਨੇ ਕਿਸਾਨਾਂ ਨੂੰ ਗੈਰ ਬਾਸਮਤੀ (ਪਰਮਲ) ਦੀਆਂ ਪੀਆਰ-128 ਅਤੇ ਪੀਆਰ-129 ਕਿਸਾਮਾਂ ਦੀ ਕਾਸ਼ਤ ਕਰਨ ਦੀ ਸਲਾਹ ਦਿੱਤੀ ਹੈ ਜੋ ਫਸਲ ਦੇ ਛੇਤੀ ਪੱਕਣ, ਪਾਣੀ ਦੀ ਘੱਟ ਖਪਤ ਅਤੇ ਪਰਾਲੀ ਨੂੰ ਸਾੜੇ ਬਿਨਾਂ ਢੁੱਕਵੇਂ ਪ੍ਰਬੰਧਨ ਦੀਆਂ ਆਪਣੀਆਂ ਵਿਲੱਖਣ ਵਿਸ਼ੇਸਤਾਵਾਂ ਕਰਕੇ ਕਾਫ਼ੀ ਕਾਰਗਰ ਹਨ।

ਉਨਾਂ ਨੇ ਅੱਗੇ ਦੱਸਿਆ ਕਿ ਜ਼ਿਲੇ ਅੰਦਰ 20 ਮਈ ਤਕ 500462 ਮੀਟਰਕ ਟਨ ਕਣਕ ਦੀ ਆਮਦ ਹੋਈ ਸੀ, ਜਿਸ ਵਿਚੋਂ 499769 ਮੀਟਰਕ ਟਨ ਦੀ ਖਰੀਦ ਹੋ ਚੁੱਕੀ ਹੈ। ਉਨਾਂ ਦੱਸਿਆ ਕਿ 924 ਕਰੋੜ 67 ਲੱਖ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ, ਜੋ 97 ਫੀਸਦ ਬਣਦੀ ਹੈ ਅਤੇ ਮੰਡੀਆਂ ਵਿਚੋਂ 96 ਫੀਸਦ ਫਸਲ ਦੀ ਚੁਕਾਈ ਵੀ ਕੀਤੀ ਜਾ ਚੁੱਕੀ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪਨਗਰੇਨ ਵਲੋਂ 139561, ਮਾਰਕਫੈੱਡ ਵਲੋਂ 104124, ਪਨਸਪ ਵਲੋਂ 102380, ਵੇਅਰਹਾਊਸ ਵਲੋਂ 93173, ਐਫ.ਸੀ.ਆਈ ਵਲੋਂ 58729 ਅਤੇ ਵਪਾਰੀਆਂ ਵਲੋਂ 1742 ਮੀਟਰਕ ਟਨ ਦੀ ਖਰੀਦ ਕੀਤੀ ਗਈ ਹੈ।

------------------------------

I/26692/2020

ਜ਼ਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

ਸਹਿਕਾਰਤਾ ਵਿਭਾਗ ਵੱਲੋਂ ਜ਼ਿਲੇ ਅੰਦਰ ਲਾਕਡਾਊਨ ਦੌਰਾਨ ਲੋਕ ਹਿੱਤ ਲਈ ਕੀਤੇ ਸਾਰਥਿਕ ਉਪਰਾਲੇ-ਬਲਵਿੰਦਰ ਸਿੰਘ ਡਿਪਟੀ ਰਜਿਸਟਰਾਰ

ਗੁਰਦਾਸਪੁਰ, 21 ਮਈ (          ) ਸ. ਸੁਖਜਿੰਦਰ ਸਿੰਘ ਰੰਧਾਵਾ ਸਹਿਕਾਰਤਾ ਮੰਤਰੀ ਪੰਜਾਬ ਦੀ ਅਗਵਾਈ ਹੇਠ ਕਰਫਿਊ /ਲਾਕਡਾਊਨ ਦੌਰਾਨ ਸਹਿਕਾਰਤਾ ਵਿਭਾਗ ਵੱਲੋਂ ਸਾਰਥਿਕ ਕਾਰਜ ਕੀਤੇ ਗਏ ਹਨ ਅਤੇ ਲੋਕਾਂ ਤਕ ਜਰੂਰੀ ਵਸਤਾਂ ਦੀ ਸਪਲਾਈ ਨਿਰੰਤਰ ਕੀਤੀ ਗਈ ਹੈ। ਗੁਰਦਾਸਪੁਰ ਜਿਲੇ ਅੰਦਰ ਸਹਿਕਾਰਤਾ ਵਿਭਾਗ ਵਲੋਂ ਕੀਤੇ ਕੰਮਾਂ ਸੰਬਧੀ ਜਾਣਕਾਰੀ ਦਿੰਦਿਆਂ ਬਲਵਿੰਦਰ ਸਿੰਘ ਡਿਪਟੀ ਰਜਿਸਟਰਾਰ ਗੁਰਦਾਸਪੁਰ ਨੇ ਦੱਸਿਆ ਕਿ ਸਹਿਕਾਰਤਾ ਵਿਭਾਗ ਗੁਰਦਾਸਪੁਰ ਵੱਲੋਂ ਆਪਣੇ ਅਧੀਨ ਪੈਂਦੀਆਂ ਸਭਾਵਾਂ ਰਾਹੀ ਜ਼ਰੂਰੀ ਵਸਤਾਂ ਨੂੰ ਬਹੁਤ ਹੀ ਵਾਜਬ ਰੇਟ ਤੇ ਮੈਂਬਰ ਕਿਸਾਨਾਂ ਅਤੇ ਲੋੜਵੰਦਾਂ ਨੂੰ ਮੁਹੱਈਆ ਕਰਵਾਈਆਂ ਗਈਆਂ ਹਨ।

ਉਨਾਂ ਨੇ ਦੱਸਿਆ ਕਿ ਵੇਰਕਾ ਮਿਲਕ ਪਲਾਂਟ ਗੁਰਦਾਸਪੁਰ ਵਲੋਂ ਲੋਕਾਂ ਲਈ ਘਰ-ਘਰ ਤੱਕ ਦੁੱਧ ਅਤੇ ਦੁੱਧ ਉਤਪਾਦਾਂ ਦੀ ਸਪਲਾਈ ਕੀਤੀਆਂ ਜਾ ਰਹੀਆਂ ਹਨ । ਸੈਨਾ ਦੇ ਜਵਾਨਾਂ ਵਾਸਤੇ ਦੁੱਧ ਦੀ ਸਪਲਾਈ, ਛਾਉਣੀ ਖੇਤਰ ਦੇ ਪਰਿਵਾਰਕ ਕੁਆਰਟਰਾਂ ਵਿੱਚ ਦੁੱਧ ਅਤੇ ਦੁੱਧ ਉਤਪਾਦਾਂ ਦੀ ਸਪਲਾਈ, ਬੀ.ਐਸ.ਐਫ. ਦੇ ਜਵਾਨਾਂ ਵਾਸਤੇ  ਦੁੱਧ ਅਤੇ ਦੁੱਧ ਉਤਪਾਦਾਂ ਦੀ ਮੰਗ ਪੂਰਾ ਕੀਤੀ ਜਾ ਰਹੀ ਹੈ।  ਘਰ ਤੱਕ ਦੁੱਧ ਅਤੇ ਦੁੱਧ ਉਤਪਾਦਾਂ ਦੀ ਸਪਲਾਈ ਕੀਤੀਆਂ ਜਾ ਰਹੀਆਂ ਹਨ  ।  ਕੁਆਰਟੀਨ ਸੈਂਟਰਾਂ ਵਿੱਚ ਦੁੱਧ ਅਤੇ ਦੁੱਧ ਉਤਪਾਦ ਦੀ ਸਪਲਾਈ ਕੀਤੀ ਗਈ। ਪਿੰਡ ਪੱਧਰ ਤੇ ਦੁੱਧ ਉਤਪਾਦਕਾਂ ਤੋਂ ਦੁੱਧ ਇਕੱਠਾ ਕੀਤਾ ਗਿਆ ਅਤੇ  ਦੁੱਧ ਉਤਪਾਦਕਾਂ ਨੂੰ ਪਸ਼ੂਆਂ ਦੀ ਖੁਰਾਕ ਦੀ ਲੋੜ ਨੂੰ ਪੂਰਾ ਕੀਤਾ ਗਿਆ ਹੈ।

ਉਨਾਂ ਨੇ ਦੱਸਿਆ ਕਿ ਪਸ਼ੂਆਂ ਦੀ ਫੀਡ ਦੀ ਨਿਰਵਿਘਨ ਸਪਲਾਈ ਲਈ ਸਭਾਵਾਂ ਵਿੱਚ ਪਸ਼ੂ ਫੀਡ ਸਟਾਕਿੰਗ ਕੀਤੀ ਗਈ ਹੈ। ਕਰਫਿਊ ਦੌਰਾਨ ਕਿਸਾਨਾਂ ਨੂੰ ਖੇਤੀਬਾੜੀ ਲਈ ਜ਼ਰੂਰੀ ਖਾਦਾਂ ਕੀੜੇਮਾਰ ਦਵਾਈਆਂ ਆਦਿ ਦੀ ਥੋੜ• ਨਾ ਆਵੇ, ਇਸ ਲਈ ਸਹਿਕਾਰਤਾ ਵਿਭਾਗ ਵੱਲੋਂ ਲਗਾਤਾਰ ਸਭਾਵਾਂ ਵਿੱਚ ਮਾਰਕਫੈੱਡ ਅਤੇ ਇਫਕੋ ਰਾਹੀਂ ਐਡਵਾਂਸ ਸਟਾਕਿੰਗ ਕੀਤੀ ਜਾ ਰਹੀ ਹੈ। ਉਨਾਂ ਦੱਸਿਆ ਕਿ ਕੰਮ ਕਾਜ ਦੌਰਾਨ ਵਿਭਾਗ ਵਲੋਂ ਸਫਾਈ ਦੀ ਉਚਿਤ ਸਹੂਲਤ ਹੁੰਦੀ ਹੈ ਤੇ ਸ਼ੋਸਲ ਡਿਸਟੈਂਸ ਮੈਨਟੇਨ ਕਰਕੇ ਰੱਖਿਆ ਜਾਂਦਾ ਹੈ।

------------------------

I/26805/2020

ਜ਼ਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

ਡਿਪਟੀ ਕਮਿਸ਼ਨਰ ਦੀ ਪ੍ਰਧਾਨਗੀ ਹੇਠ ਜ਼ਿਲੇ ਅੰਦਰ ਸ਼ੋਸਲ ਡਿਸਟੈਂਸ ਮੈਨਟੇਨ ਰੱਖਣ ਲਈ ਸਮਾਜ ਸੇਵੀਆਂ ਅਤੇ ਦੁਕਾਨ ਯੂਨੀਅਨ ਪ੍ਰਧਾਨਾਂ ਨਾਲ ਮੀਟਿੰਗ

ਕੋਰੋਨਾ ਵਾਇਰਸ ਤੋਂ ਬਚਾਅ ਲਈ ਸ਼ੋਸਲ ਡਿਸਟੈਸ ਮੈਨਟੇਨ ਰੱਖਣਾ ਤੇ ਮਾਸਕ ਪਾਉਣ ਬਹੁਤ ਲਾਜ਼ਮੀ

ਜਨਤਕ ਥਾਵਾਂ ਤੇ ਥੁੱਕਣ ਅਤੇ ਮਾਸਕ ਨਾ ਪਾਉਣ ਵਾਲਿਆਂ ਨੂੰ ਲੱਗੇਗਾ ਜੁਰਮਾਨਾ

ਗੁਰਦਾਸਪੁਰ, 21 ਮਈ ( ) ਡਿਪਟੀ ਕਮਿਸ਼ਨਰ ਜਨਾਬ ਮੁਹੰਮਦ ਇਸ਼ਫਾਕ ਵਲੋਂ ਜਿਲੇ ਅੰਦਰ ਸ਼ੋਸਲ ਡਿਸਟੈਂਸ਼ ਨੂੰ ਮੈਨਟੇਨ ਰੱਖਣ ਲਈ ਜ਼ਿਲੇ ਦੀਆਂ ਵੱਖ-ਵੱਖ ਦੁਕਾਨਦਾਰ ਜਥੇਬੰਦੀਆਂ ਅਤੇ ਸਮਾਜ ਸੇਵੀ ਸੰਸਥਾਵਾਂ ਦੇ ਨਾਲ ਮੀਟਿੰਗ ਕੀਤੀ ਗਈ।

ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕਰਫਿਊ ਹਟਾਉਣ ਤੋਂ ਬਾਅਦ ਜਿਲਾ ਪ੍ਰਸ਼ਾਸਨ ਵਲੋਂ ਹਦਾਇਤਾਂ ਤਹਿਤ ਦੁਕਾਨਾਂ ਖੋਲ•ਣ ਦੇ ਹੁਕਮ ਜਾਰੀ ਕੀਤੇ ਗਏ ਸਨ ਪਰ ਵੇਖਣ ਵਿਚ ਆ ਰਿਹਾ ਹੈ ਕਿ ਜ਼ਿਆਦਾਤਰ ਦੁਕਾਨਦਾਰਾਂ ਵਲੋਂ ਦਿੱਤੀਆਂ ਹਦਾਇਤਾਂ ਦੀ ਪਾਲਣਾ ਨਹੀਂ ਕੀਤੀ ਜਾ ਰਹੀ ਖਾਸਕਰਕੇ ਸ਼ੋਸਲ ਡਿਸਟੈਂਸ਼ ਨੂੰ ਮੈਨਟੇਨ ਕਰਕੇ ਨਹੀਂ ਰੱਖਿਆ ਜਾ ਰਿਹਾ ਹੈ ਅਤੇ ਨਾ ਹੀ ਮਾਸਕ ਪਾਉਣ ਦੀ ਵਰਤੋਂ ਕੀਤੀ ਜਾ ਰਹੀ ਹੈ।

ਉਨਾਂ ਅੱਗੇ ਦੱਸਿਆ ਕਿ ਕੋਰੋਨਾ ਵਾਇ੍ਰਸ ਤੋਂ ਬਚਾਅ ਲਈ ਸ਼ੋਸਲ ਡਿਸਟੈਂਸ ਅਤੇ ਮਾਸਕ ਪਾਉਣ ਬਹੁਤ ਲਾਜ਼ਮੀ ਹੈ, ਇਸ ਲਈ ਜਿਲਾ ਪ੍ਰਸ਼ਾਸਨ ਵਲੋਂ ਜਿਲੇ ਭਰ ਅੰਦਰ ਜਾਗਰੂਕਤਾ ਅਭਿਆਨ ਚਲਾਇਆ ਜਾਵੇਗਾ ਤੇ ਲੋਕਾਂ ਨੂੰ ਖਾਸਕਰਕੇ ਦੁਕਾਨਾਂ ਵਿਚ ਕੰਮ ਕਰਦੇ ਵਰਕਰਾਂ/ਸੇਲਜ਼ਮੈਨ ਨੂੰ ਜਾਗਰੂਕ ਕੀਤਾ ਜਾਵੇਗਾ। ਜਿਸ ਲਈ ਸ. ਗੁਰਸਿਮਰਨ ਸਿੰਘ ਢਿੱਲੋਂ ਐਸ.ਡੀ.ਐਮ ਡੇਰਾ ਬਾਬਾ ਨਾਨਕ ਨੂੰ ਨੋਡਲ ਅਫਸਰ ਨਿਯੁਕਤ ਕੀਤਾ ਗਿਆ ਹੈ, ਜੋ ਜਿਲੇ ਅੰਦਰ ਇਹ ਜਾਗਰੂਕਤਾ ਅਭਿਆਨ ਚਲਾਉਣਗੇ।

ਮੀਟਿੰਗ ਵਿਚ ਹਾਜਰ ਸਮੂਹ ਦੁਕਾਨਦਾਰਾਂ ਦੇ ਪ੍ਰਧਾਨਾਂ/ਪ੍ਰਤੀਨਿਧ, ਸਮਾਜ ਸੇਵੀ ਸੰਸਥਾਵਾਂ ਅਤੇ ਅਧਿਕਾਰੀਆਂ ਦੀ ਹਾਜਰੀ ਵਿਚ ਫੈਸਲਾ ਕੀਤਾ ਗਿਆ ਕਿ ਪਿੰਡ ਤੇ ਵਾਰਡ ਪੱਧਰ ਤਕ ਜਾਗਰੂਕਤਾ ਮੁਹਿੰਮ ਵਿੱਢੀ ਜਾਵੇਗੀ। ਦੁਕਾਨਾਂ ਵਿਚ ਕੰਮ ਕਰਨ ਵਾਲੇ ਵਰਕਰਾਂ/ਸੇਲਜ਼ਮੈਨ ਨੂੰ ਸਿਖਲਾਈਪ੍ਰਦਾਨ ਕੀਤੀ ਜਾਵੇਗੀ ਕਿ ਕਿਸ ਤਰਾਂ ਸ਼ੋਸਲ ਡਿਸਟੈਂਸ ਮੈਨਟੇਨ ਰੱਖਣਾ ਹੈ, ਕਿਸ ਤਰਾਂ ਮਾਸਕ ਪਹਿਨਣਾ ਹੈ ਆਦਿ ਸੰਬਧੀ ਸਿਖਲਾਈ ਪ੍ਰਦਾਨ ਕਰਨ ਉਪਰੰਤ ਸਰਟੀਫਿਕੇਟ ਜਾਰੀ ਕੀਤਾ ਜਾਵੇਗਾ ਅਤੇ ਸਰਟੀਫਿਕੇਟ ਪ੍ਰਾਪਤ ਕਰਨ ਵਾਲਾ ਦੁਕਾਨ ਵਿਚ ਕੰਮ ਕਰੇਗਾ।

ਬਜਾਰਾਂ ਅੰਦਰ ਜਾਗਰੂਕਤਾ ਸਬੰਧੀ ਬੈਨਰ ਲਗਾਏ ਜਾਣਗੇ ਅਦੇ ਦੁਕਾਨਾਂ ਦੇ ਬਾਹਰਵਾਰ ਫਲੈਕਸ ਬੋਰਡ ਲਗਾਏ ਜਾਣਗੇ ਤੇ ਸਿਹਤ ਵਿਭਾਗ ਵਲੋਂ ਜਾਰੀ ਐਡਵਾਇਜ਼ੀਰਆਂ ਦੀ ਪਾਲਣਾ ਕਰਵਾਈ ਜਾਵੇਗੀ। ਦੁਕਾਨਦਾਰ ਆਪਣੇ ਪੱਧਰ ਤੇ ਸ਼ੋਸਲ ਡਿਸਟੈਂਸ਼ ਤੇ ਮਾਸਕ ਪਾਉਣਾ ਲਾਜ਼ਮੀ ਆਦਿ ਸਬੰਧੀ ਵੱਖ-ਵੱਖ ਮਾਧਿਆਨਾਂ ਰਾਹੀ ਜਾਗਰੂਕ ਕਰਨਗੇ।

ਉਨਾਂ ਅੱਗੇ ਦੱਸਿਆ ਕਿ ਸਿਹਤ ਵਿਭਾਗ ਵਲੋਂ ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਹੁਣ ਜਨਤਕ ਥਾਵਾਂ ਤੇ ਥੁੱਕਣ ਵਾਲੇ ਨੂੰ ਅਤੇ ਮਾਸਕ ਨਾ ਪਾਉਣ ਵਾਲੇ ਨੂੰ ਜੁਰਮਾਨਾ ਕੀਤਾ ਜਾਵੇਗਾ। ਜੇਕਰ ਕੋਈ ਵੀ ਵਿਅਕਤੀ ਕੰਮ ਕਾਜ ਵਾਲੀਆਂ ਥਾਵਾਂ ਜਾਂ ਜਨਤਕ

ਸਥਾਨ 'ਤੇ ਮਾਸਕ ਨਹੀਂ ਪਹਿਨੇਗਾ ਤਾਂ ਉਸ ਨੂੰ 200 ਰੁਪਏ ਜੁਰਮਾਨਾ, ਜੇਕਰ ਕੋਈ ਵਿਅਕਤੀ ਜਨਤਕ ਥਾਂ ਤੇ ਥੁੱਕਦਾ ਹੈ ਤਾ ਉਸ ਨੂੰ 100 ਰੁਪਏ ਜੁਰਮਾਨਾ ਅਤੇ ਘਰ ਵਿਚ ਇਕਾਂਤਵਾਸ ਦੀ ਉਲੰਘਣਾ ਕਰਨ ਤੇ 500 ਰੁਪਏ ਦਾ ਜੁਰਮਾਨਾ ਹੋ ਸਕਦਾ ਹੈ। ਡਿਪਟੀ ਕਮਿਸ਼ਨਰ ਨੇ ਜਿਲਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਸ਼ੋਸ਼ਲ ਡਿਸਟੈਂਸ ਮੈਨੇਟਨ ਰੱਖ ਕੇ ਕੋਰੋਨਾ ਵਾਇ੍ਰਸ ਦੀ ਬਿਮਾਰੀ ਤੋਂ ਬਚਿਆਂ ਜਾ ਸਕਦਾ ਹੈ ਅਤੇ ਮਾਸਕ ਪਾਉਣ ਬਹੁਤ ਲਾਜ਼ਮੀ ਹੈ ।  ਲੋਕਾਂ ਵਲੋਂ ਜਨਤਕ ਸਥਾਨ, ਗਲੀਆਂ, ਹਸਪਤਾਲ, ਦਫਤਰ, ਮਾਰਕੀਟ ਵਿੱਚ ਜਾਣ ਸਮੇਂ, ਵਾਹਨ ਵਿਚ ਸਫਰ ਕਰਨ ਸਮੇਂ, ਸੁਤੀ ਕਪੜੇ ਦਾ ਤਿਆਰ ਕੀਤਾ ਮਾਸਕ ਜਿਸ ਨੂੰ ਸਾਬਣ/ਡਿਟਰਜੈਂਟ ਨਾਲ ਚੰਗੀ ਤਰ•ਾਂ ਧੋ ਕੇ ਦੁਬਾਰਾ ਵਰਤੋਂ ਵਿਚ ਲਿਆਂਦਾ ਜਾ ਸਕਦਾ ਹੈ, ਪਾਉਣਾ ਜਰੂਰੀ ਹੋਵੇਗਾ ਜੇਕਰ ਮਾਸਕ ਉਪਲੱਬਧ ਨਹੀਂ ਹੈ ਤਾ ਰੁਮਾਲ, ਦੁਪੱਟਾ, ਪਰਨਾ ਆਦਿ ਦੀ ਵਰਤੋਂ ਵੀ ਕੀਤੀ ਜਾ ਸਕਦੀ ਹੈ।

ਉਨ•ਾਂ ਮੁੜ ਲੋਕਾਂ ਨੂੰ ਅਪੀਲ ਕੀਤੀ ਕਿ ਸਮੂਹ ਜਨਤਾ ਦੇ ਸਹਿਯੋਗ ਨਾਲ ਹੀ ਕਰੋਨਾ ਦੀ ਜੰਗ ਨੂੰ ਜਿੱਤਿਆ ਜਾ ਸਕਦਾ ਹੈ। ਇਸ ਮੌਕੇ ਡਾ. ਕਿਸ਼ਨ ਚੰਦ ਸਿਵਲ ਸਰਜਨ, ਡਾ, ਪ੍ਰਭਜੋਤ ਕੋਰ ਕਲਸੀ, ਪਰਮਿੰਦਰ ਸਿੰਘ ਸੈਣੀ ਜਿਲਾ ਗਾਈਡੈਂਸ ਕਾਊਂਸਲਰ, ਹਰਮਨਪ੍ਰੀਤ ਸਿੰਘ ਖੇਤੀਬਾੜੀ ਵਿਕਾਸ ਅਫਸਰ, ਰਾਜੀਵ ਠਾਕੁਰ ਸੈਕਟਰੀ ਜਿਲਾ ਰੈੱਡ ਕਰਾਸ, ਦਰਸ਼ਨ ਮਹਾਜਨ ਪ੍ਰਧਾਨ ਵਾਪਰ ਮੰਡਲ, ਅਜੈ ਕੁਮਾਰ, ਪ੍ਰਧਾਨ ਬ੍ਰਿਜ ਭੂਸ਼ਨ, ਰਮੇਸ਼ ਸ਼ਰਮਾ ਪ੍ਰਧਾਨ ਭਾਰਤ ਵਿਕਾਸ ਪ੍ਰੀਸ਼ਦ, ਰਮੇਸ਼ ਸਲਹੋਤਰਾ,ਇੰਦਰਜੀਤ ਸਿੰਘ ਬਾਜਵਾ ਸਮਾਜ ਸੇਵੀ, ਮਹਿੰਦਰ ਕੁਮਾਰ, ਨਰੇਸ ਕੁਮਾਰ, ਰੋਹਿਤ ਗੁਪਤਾ, ਰਾਜੀਵ ਕੁੰਦਰਾ ਫਤਹਿਗੜ• ਚੂੜੀਆਂ ਤੋਂ, ਰਜੇਸ਼ ਖੋਸਲਾ ਤੇ ਅਸ਼ੋਕ ਖੋਸਲਾ ਬਟਾਲਾ ਤੋਂ, ਸੁਰੇਸ਼ ਮਹਾਜਨ ਪ੍ਰਧਾਨ ਸਿਟੀ ਰੋਡ ਬਟਾਲਾ ਆਦਿ ਹਾਜਰ ਸਨ।

I/26811/2020

ਜਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

ਸਿਵਲ ਸਰਜਨ ਗੁਰਦਾਸਪੁਰ ਦੀ ਅਗਵਾਈ ਹੇਠ ਟੀਮ ਨੇ ਕੀਤਾ ਸ਼ਟਿੰਗ ਆਪਰੇਸ਼ਨ

ਲੁਧਿਆਣਾ 'ਚ ਇੱਕ ਪੋਰਟੇਬਲ ਅਲਟਰਾਸਾਊਂਡ ਮਸ਼ੀਨ ਦੀ ਬਰਾਮਦੀ ਸਮੇਤ ਇੱਕ ਭਰੂਣ ਲਿੰਗ ਨਿਰਧਾਰਣ ਸਕੈਨ ਸੈਂਟਰ ਦਾ ਪਰਦਾਫਾਸ਼

ਗੁਰਦਾਸਪੁਰ, 21 ਮਈ (        ) ਸਿਹਤ ਮੰਤਰੀ ਪੰਜਾਬ ਸ. ਬਲਬੀਰ ਸਿੰਘ ਸਿੱਧੂ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦਿਆਂ ਸੂਬੇ ਵਿੱਚ ਲਿੰਗ ਜਾਂਚਣ ਦੇ ਵਪਾਰ ਨੂੰ ਠੱਲ• ਪਾਉਣ ਲਈ ਇੱਕ ਮੁਹਿੰਮ ਚਲਾਈ ਜਾ ਰਹੀ ਹੈ ਤਾਂ ਜੋ ਕੰਨਿਆ ਭਰੂਣ ਹੱਤਿਆ ਦੇ ਗੈਰ ਕਾਨੂੰਨੀ ਕਾਰੋਬਾਰ ਵਿੱਚ ਸ਼ਾਮਲ ਸਮਾਜ ਵਿਰੋਧੀ ਅਨਸਰਾਂ ਦਾ ਪੂਰੀ ਤਰ•ਾਂ ਖ਼ਾਤਮਾ ਕੀਤਾ ਜਾ ਸਕੇ। ਹਾਲ ਹੀ ਵਿੱਚ ਅਜਿਹੀ ਹੀ ਇੱਕ ਮੁਹਿੰਮ ਡਾਇਰੈਕਟਰ ਸਿਹਤ ਸੇਵਾਵਾਂ (ਪਰਿਵਾਰ ਭਲਾਈ) ਡਾ. ਪ੍ਰਭਦੀਪ ਕੌਰ ਜੌਹਲ ਦੀ ਨਿਗਰਾਨੀ ਹੇਠ ਚਲਾਈ ਗਈ ਜਿਸ ਤਹਿਤ ਲੁਧਿਆਣਾ ਵਿੱਚ ਇੱਕ ਅਣਅਧਿਕਾਰਤ ਸਕੈਨ ਸੈਂਟਰ ਦਾ ਪਰਦਾਫਾਸ਼ ਕਰਦਿਆਂ ਇੱਕ ਪੋਰਟੇਬਲ ਅਲਟਰਾਸਾਊਂਡ ਮਸ਼ੀਨ ਬਰਾਮਦ ਕੀਤੀ ਗਈ ਹੈ।

ਇਸ ਮਾਮਲੇ ਬਾਰੇ ਹੋਰ ਜਾਣਕਾਰੀ ਦਿੰਦਿਆਂ ਡਾ. ਪ੍ਰਭਦੀਪ ਕੌਰ ਜੌਹਲ ਨੇ ਦੱਸਿਆ ਕਿ ਉਹਨਾਂ ਨੂੰ ਲੁਧਿਆਣਾ ਵਿੱਚ ਲਿੰਗ ਨਿਰਧਾਰਣ ਰੈਕੇਟ ਚਲਾਉਣ ਦੀ ਇੱਕ ਗੁਪਤ ਸੂਚਨਾ ਗੁਰਦਾਸਪੁਰ ਜ਼ਿਲ•ੇ ਤੋਂ ਮਿਲੀ ਜਿਸ 'ਤੇ ਕਾਰਵਾਈ ਕਰਦਿਆਂ ਸਿਵਲ ਸਰਜਨ ਗੁਰਦਾਸਪੁਰ ਕਿਸਨ ਚੰਦ ਦੀ ਅਗਵਾਈ ਹੇਠ ਸਿਹਤ ਵਿਭਾਗ ਦੀ ਟੀਮ ਨੇ ਇੱਕ ਜਾਲ ਵਿਛਾਇਆ ਜਿਸ ਤਹਿਤ ਇਕ ਫ਼ਰਜੀ ਮਰੀਜ਼ ਤਿਆਰ ਕੀਤਾ ਗਿਆ ਅਤੇ ਉਸ ਨੂੰ ਸਕੈਨ ਸੈਂਟਰ 'ਤੇ ਭੇਜਿਆ ਗਿਆ ਜਿਥੇ ਉਸਨੂੰ ਭਰੂਣ ਦਾ ਲਿੰਗ ਜਾਂਚਣ ਲਈ 15,000 ਰੁਪਏ ਦੀ ਅਦਾਇਗੀ ਕਰਨ ਲਈ ਕਿਹਾ ਗਿਆ। ਉਹਨਾਂ ਨੇ ਸਿਹਤ ਵਿਭਾਗ ਵੱਲੋਂ ਨੋਟ ਕੀਤੇ ਨੰਬਰਾਂ ਵਾਲੇ ਪੰਦਰਾਂ ਹਜ਼ਾਰ ਰੁਪਏ ਦੇ ਕਰੰਸੀ ਨੋਟ ਵੀ ਮਰੀਜ਼ ਨੂੰ ਦਿੱਤੇ। ਏਜੰਟ ਦੁਆਰਾ ਹਦਾਇਤ ਕੀਤੇ ਜਾਣਕਾਰੀ ਅਨੁਸਾਰ ਇੱਕ ਮਹਿਲਾ ਲੁਧਿਆਣਾ ਦੇ ਬਾਈਪਾਸ ਤੋਂ ਮਰੀਜ਼ ਨੂੰ ਆਪਣੀ ਕਾਰ 'ਚ ਲੁਧਿਆਣਾ ਦੇ ਜਮਾਲਪੁਰ ਖੇਤਰ ਦੇ ਸਾਂਈ ਕਲੀਨਿਕ ਲੈ ਗਈ। ਜਿਵੇਂ ਹੀ ਡਾਕਟਰ ਨੇ ਲਿੰਗ ਜਾਂਚਣ ਲਈ ਅਲਟਰਾਸੋਨੋਗ੍ਰਾਫ਼ੀ ਸ਼ੁਰੂ ਕੀਤੀ, ਟੀਮ ਨੇ ਹਸਪਤਾਲ ਵਿਖੇ ਛਾਪਾ ਮਾਰਿਆ ਅਤੇ ਕਲੀਨਿਕ ਦੇ ਮਾਲਕ ਡਾਕਟਰ ਰਾਕੇਸ਼ ਕੁਮਾਰ ਨੂੰ ਦਿੱਤੇ ਗਏ ਕਰੰਸੀ ਨੋਟ ਵੀ ਬਰਾਮਦ ਕਰ ਲਏ, ਜੋ ਵਿਭਾਗ ਦੁਆਰਾ ਦਿੱਤੇ ਗਏ ਨੋਟਾਂ ਦੇ ਨੰਬਰਾਂ ਨਾਲ ਮੇਲ ਖਾਂਦੇ ਸਨ। ਦੋਸ਼ੀ ਡਾਕਟਰ ਨੂੰ ਇਕ ਪੋਰਟੇਬਲ ਅਲਟਰਾਸਾਊਂਡ ਮਸ਼ੀਨ ਨਾਲ ਰੰਗੇ ਹੱਥੀਂ ਫੜਿਆ ਗਿਆ ਅਤੇ ਉਹ ਅਲਟਰਾਸਾਉਂਡ ਸਕੈਨ ਸੈਂਟਰ ਦੇ ਰਜਿਸਟ੍ਰੇਸ਼ਨ ਸੰਬੰਧੀ ਕੋਈ ਦਸਤਾਵੇਜ਼ ਨਹੀਂ ਦਿਖਾ ਸਕਿਆ ਅਤੇ ਇਸ ਤੋਂ ਇਲਾਵਾ ਉਹ ਪੀ ਐਨ ਡੀ ਟੀ ਐਕਟ ਅਧੀਨ ਹੋਰ ਜ਼ਰੂਰੀ ਧਾਰਾਵਾਂ ਦੀ ਉਲੰਘਣਾ ਕਰਦਾ ਪਾਇਆ ਗਿਆ। ਇਹ ਵੀ ਸਾਹਮਣੇ ਆਇਆ ਹੈ ਕਿ ਮਰੀਜ਼ ਤੋਂ ਕੋਈ ਆਈ.ਡੀ. ਨੰਬਰ ਨਹੀਂ ਲਿਆ ਗਿਆ ਸੀ ਅਤੇ ਨਾ ਹੀ ਉਸ ਵੱਲੋਂ ਕੋਈ ਸਹਿਮਤੀ ਦਰਜ ਕੀਤੀ ਗਈ ਸੀ।

ਮੌਕੇ 'ਤੇ ਪਹੁੰਚੀ ਟੀਮ ਨੇ ਪੋਰਟੇਬਲ ਅਲਟਰਾਸਾਉਂਡ ਮਸ਼ੀਨ ਨੂੰ ਕਬਜ਼ੇ ਵਿੱਚ ਲੈ ਲਿਆ ਤੇ ਨਾਲ ਹੀ ਜਮਾਲਪੁਰ ਪੁਲਿਸ ਨੇ ਸਿਵਲ ਸਰਜਨ ਲੁਧਿਆਣਾ ਦੀ ਹਾਜ਼ਰੀ ਵਿਚ ਦੋਸ਼ੀ ਡਾਕਟਰ ਨੂੰ ਗ੍ਰਿਫ਼ਤਾਰ ਕਰ ਲਿਆ ਅਤੇ ਉਸ ਵਿਰੁੱਧ ਪੀਸੀ ਐਂਡ ਪੀਐਨਡੀਟੀ

ਐਕਟ, ਆਈਪੀਸੀ ਅਤੇ ਸੀਆਰਪੀਸੀ ਧਾਰਾਵਾਂ ਤਹਿਤ ਮੁਕੱਦਮਾ ਦਰਜ ਕੀਤਾ ਗਿਆ।ਡਾ. ਪ੍ਰਭਦੀਪ ਕੌਰ ਜੌਹਲ ਨੇ ਅੱਗੇ ਕਿਹਾ ਕਿ ਭਵਿੱਖ ਵਿੱਚ ਵੀ ਅਜਿਹੀਆਂ ਕਾਰਵਾਈਆਂ ਜਾਰੀ ਰਹਿਣਗੀਆਂ। ਉਨ•ਾਂ ਨੇ ਅਜਿਹੀਆਂ ਬੁਰਾਈਆਂ ਦੇ ਖ਼ਾਤਮੇ ਲਈ ਆਮ ਲੋਕਾਂ ਨੂੰ ਅੱਗੇ ਆਉਣ ਦੀ ਅਪੀਲ ਵੀ ਕੀਤੀ।

ਡਾ. ਕਿਸ਼ਨ ਚੰਦ ਨੇ ਦੱਸਿਆ ਕਿ ਟੀਮ ਵਿਚ ਡਾ. ਵਿਜੇ ਕੁਮਾਰ ਜਿਲਾ ਪਰਿਵਾਰ ਤੇ ਭਲਾਈ ਅਫਸਰ, ਬਲਜੀਤ ਕੋਰ ਤੇ ਹਰਦੇਵ ਸਿੰਘ ਕੰਪਿਊਟਰ ਅਸ਼ਿਸ਼ਟੈਂਟ ਸ਼ਾਮਿਲ ਸਨ।

I/26814/2020

ਜਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

ਪੰਜਾਬ ਸਰਕਾਰ ਦੀਆਂ ਕੋਸ਼ਿਸ਼ਾਂ ਨੂੰ ਪਿਆ ਬੂਰ; ਜ਼ਿੰਦਗੀ ਪਟੜੀ 'ਤੇ ਆਉਣੀ ਸ਼ੁਰੂ

ਕੋਰੋਨਾ ਵਾਇ੍ਰਸ ਤੋਂ ਬਚਾਅ ਲਈ ਸ਼ੋਸਲ ਡਿਸਟੈਂਸ ਬਹੁਤ ਜਰੂਰੀ- ਡਿਪਟੀ ਕਮਿਸ਼ਨਰ

ਜ਼ਿਲਾ ਪ੍ਰਸ਼ਾਸ਼ਨ ਵਲੋਂ ਕੀਤੇ ਨਿਵੇਕਲੇ ਉਪਰਾਲਿਆਂ ਦੀ ਜ਼ਿਲਾ ਵਾਸੀਆਂ ਵਲੋਂ ਸ਼ਲਾਘਾ

ਗੁਰਦਾਸਪੁਰ, 21 ਮਈ (            ) ਪੰਜਾਬ ਸਰਕਾਰ ਵਲੋਂ ਕੋਰੋਨਾ ਵਾਇਰਸ ਦੇ ਪ੍ਰਭਾਵ ਨੂੰ ਫੈਲਣ ਤੋਂ ਰੋਕਣ ਲਈ ਕੀਤੀਆਂ ਗਈਆਂ ਕੋਸ਼ਿਸ਼ਾਂ ਨੂੰ ਉਦੋਂ ਬੂਰ ਪਿਆ, ਜਦੋਂ ਜ਼ਿਲਿ•ਆਂ ਵਿੱਚ ਜ਼ਿੰਦਗੀ ਪਟੜੀ 'ਤੇ ਆਉਣੀ ਸ਼ੁਰੂ ਹੋ ਗਈ ਹੈ। ਪੰਜਾਬ ਸਰਕਾਰ ਦੀਆਂ ਸਮੇਂ-ਸਮੇਂ 'ਤੇ ਦਿੱਤੀਆਂ ਹਦਾਇਤਾਂ ਨੂੰ ਜ਼ਿਲਾ ਪ੍ਰਸਾਸ਼ਨ ਗੁਰਦਾਸਪੁਰ ਵਲੋਂ ਸੁਚਾਰੂ ਢੰਗ ਨਾਲ ਲਾਗੂ ਕਰਨ ਸਦਕਾ ਅੱਜ ਜ਼ਿਲੇ ਵਿੱਚ ਜ਼ਿੰਦਗੀ ਆਮ ਵਾਂਗ ਹੋ ਗਈ ਹੈ ਅਤੇ ਜ਼ਿਲਾ ਵਾਸੀਆਂ ਵਲੋਂ ਵੀ ਉਨਾਂ ਵਲੋਂ ਕੀਤੇ ਪੁਖਤਾ ਪ੍ਰਬੰਧਾਂ ਦੀ ਸ਼ਲਾਘਾ ਕੀਤੀ ਜਾ ਰਹੀ ਹੈ।

ਜਨਾਬ ਮੁਹੰਮਦ ਇਸ਼ਫਾਕ ਡਿਪਟੀ ਕਮਿਸ਼ਨਰ ਨੇ ਕੋਵਿਡ-19 ਦੇ ਪ੍ਰਭਾਵ ਨੂੰ ਰੋਕਣ ਲਈ ਸਮੇਂ ਸਿਰ ਜਿਥੇ ਅਹਿਮ ਕਦਮ ਪੁੱਟੇ, ਉਥੇ ਆਮ ਜਨਤਾ ਨੂੰ ਲੌਕਡਾਊਨ ਦੌਰਾਨ ਜ਼ਰੂਰੀ ਸਹੂਲਤਾਂ ਵੀ ਨਿਰਵਿਘਨ ਮੁਹੱਈਆ ਕਰਵਾਈਆਂ ਗਈਆਂ । ਇਸ ਤੋਂ ਇਲਾਵਾ ਪ੍ਰਸਾਸ਼ਨ ਵਲੋਂ ਨਿਯੁਕਤ ਕੀਤੇ ਗਏ ਸਪੈਸ਼ਲ ਕਾਰਜਕਾਰੀ ਮੈਜਿਸਟਰੇਟ, ਬੀ.ਐਲ.ਐਲ.ਓਜ਼, ਸਫਾਈ ਸੇਵਕਾਂ ਸਮੇਤ ਵੱਖ-ਵੱਖ ਵਿਭਾਗਾਂ ਵਲੋਂ ਵੱਡਮੁੱਲਾ ਯੋਗਦਾਨ ਪਾਇਆ, ਜਿਸ ਸਦਕਾ ਅਸੀਂ ਜਿਥੇ ਕਰਫਿਊ ਨੂੰ ਸਖ਼ਤੀ ਨਾਲ ਲਾਗੂ ਕਰਨ ਵਿੱਚ ਕਾਮਯਾਬ ਹੋਏ, ਉਥੇ ਇਨਾਂ ਜ਼ਰੀਏ ਫ਼ਲ ਅਤੇ ਸਬਜ਼ੀਆਂ ਦੀ ਲੋੜ ਤੋਂ ਵੱਧ ਕੀਮਤ ਵਸੂਲਣ ਵਾਲਿਆਂ 'ਤੇ ਵੀ ਸ਼ਿਕੰਜਾ ਕੱਸਿਆ ਗਿਆ।

ਡਿਪਟੀ ਕਮਿਸ਼ਨਰ ਨੇ ਅੱਗੇ ਦੱਿਸਆ ਕਿ ਫ਼ਲ ਅਤੇ ਸਬਜ਼ੀਆਂ ਦੀ ਨਿਰਵਿਘਨ ਸਪਲਾਈ ਘਰਾਂ ਤੱਕ ਯਕੀਨੀ ਬਣਾਉਣ ਤੋਂ ਇਲਾਵਾ ਹੁਣ ਲੌਕਡਾਊਨ ਸਮੇਂ ਦਿੱਤੀ ਗਈ ਛੋਟ ਦੌਰਾਨ ਦੁਕਾਨਾਂ ਅੱਗੇ ਸਮਾਜਿਕ ਬਰਕਰਾਰ ਰੱਖਣ ਲਈ ਜ਼ਿਲਾ ਪ੍ਰਸ਼ਾਸ਼ਨ ਵਲੋਂ ਸਿਰਤੋੜ ਯਤਨ ਕੀਤੇ ਗਏ। ਲੋੜਵੰਦ ਲੋਕਾਂ ਲਈ ਦਵਾਈਆਂ ਖਾਸਕਰਕੇ ਦਰਿਆ ਤੋਂ ਪਾਰ ਰਹਿੰਦੇ ਲੋਕਾਂ ਨੂੰ ਜਿਲਾ ਰੈੱਡ ਕਰਾਸ ਵਲੋਂ ਦਵਾਈਆਂ ਪੁਜਦੀਆਂ ਕੀਤੀਆਂ ਗਈਆਂ ਤੇ ਮਾਹਿਰ ਡਾਕਟਰਾਂ ਵਲੋਂ ਲੋਕਾਂ ਨੂੰ ਦਵਾਈ ਦਿੱਤੀ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜਿਲਾ ਪ੍ਰਸ਼ਾਸਨ ਵਲੋਂ ਤਖਤ ਸ੍ਰੀ ਹਜ਼ੂਰ ਸਾਹਿਬ, ਨਾਂਦੇੜ ਤੋਂ ਆਈਆਂ ਸੰਗਤਾਂ ਨੂੰ ਏਕਾਂਤਵਾਸ ਕੇਂਦਰਾਂ ਵਿਚ ਘਰ ਵਰਗਾ ਮਾਹੌਲ ਦਿੱਤਾ ਗਿਆ ਤੇ ਸੰਗਤਾਂ ਖੁਸ਼ੀ-ਖੁਸ਼ੀ ਪ੍ਰਸ਼ਾਸਨ ਤੇ ਸਰਕਾਰ ਦੇ ਧੰਨਵਾਦ ਕਰਦੀਆਂ ਘਰਾਂ ਨੂੰ ਪਰਤੀਆਂ। ਜਿਲੇ ਅੰਦਰ ਰਹਿੰਦੇ ਪਰਵਾਸੀ ਮਜ਼ਦੂਰਾਂ ਦੇ ਰਹਿਣ ਲਈ ਪ੍ਰਸ਼ਾਸਨ ਵਲੋਂ ਪੁਖਤਾ ਪ੍ਰਬੰਧ ਕੀਤੇ ਗਏ ਸਨ ਅਤੇ ਹੁਣ ਉਨਾਂ ਨੂੰ ਉਨਾਂ ਦੇ ਪਿੱਤਰੀ ਰਾਜਾਂ ਵਿਚ ਭੇਜਣ ਲਈ ਵਿਸ਼ੇਸ ਬੱਸਾਂ ਚਲਾਈਆਂ ਗਈਆਂ ਤੇ ਗੁਰਦਾਸਪੁਰ ਰੇਲਵੇ ਸਟੇਸ਼ਨ ਤੋਂ ਵਿਸ਼ੇਸ ਰੇਲ ਗੱਡੀ ਰਾਹੀਂ 1195 ਪਰਵਾਸੀ ਮਜੂਦਰਾਂ ਨੂੰ ਉਨਾਂ ਦੇ ਘਰ ਭੇਜਿਆ ਗਿਆ। ਜ਼ਿਲਾ ਪ੍ਰਸ਼ਾਸਨ ਵਲੋਂ ਉੱਤਰ ਪ੍ਰਦੇਸ਼, ਮੱਧ ਪ੍ਰਦੇਸ਼ ਤੇ ਬਿਹਾਰ ਰਾਜ ਲਈ ਪਰਵਾਸੀ ਮਜਦੂਰਾਂ ਨੂੰ ਭੇਜਣ ਲਈ ਕੀਤੇ ਵਧੀਆਂ ਪ੍ਰਬੰਧਾਂ ਕਾਰਨ ਮਜਦੂਰਾਂ ਘਰ ਪਰਤਦੇ ਸਮੇਂ ਸੂਬਾ ਸਰਕਾਰ ਤੇ ਜਿਲਾ ਪ੍ਰਸ਼ਾਸਨ ਦਾ ਵਿਸ਼ੇਸ ਧੰਨਵਾਦ ਕੀਤਾ।

ਉਨਾਂ ਨੇ ਅੱਗੇ ਕਿਹਾ ਕਿ ਜ਼ਿਲਾ ਪ੍ਰਸਾਸ਼ਨ ਵਲੋਂ ਵੱਖ-ਵੱਖ ਰਾਜਾਂ ਅਥੇ ਵਿਦੇਸ਼ਾਂ ਤੋਂ ਆਉਣ ਵਾਲੇ ਐਨ.ਆਰ.ਆਈਜ਼ ਨੂੰ ਕੁਆਰਨਟੀਨ ਕੀਤਾ ਜਾ ਰਿਹਾ ਹੈ ਤੇ ਉਨਾਂ ਦੀ ਹਰ ਮੁਸ਼ਕਿਲ ਦਾ ਖਿਆਲ ਰੱਖਿਆ ਜਾ ਰਿਹਾ ਹੈ। ਉਨਾਂ ਦੱਸਿਆ ਕਿ ਐਸ.ਡੀ.ਐਮਜ਼, ਸਿਹਤ ਵਿਭਾਗ, ਤਹਿਸੀਲਦਾਰ, ਨਾਇਬ ਤਹਿਸੀਲਦਾਰ, ਬੀ.ਡੀ.ਪੀ.ਓਜ਼, ਪਟਵਾਰੀਆਂ ਤੋਂ ਇਲਾਵਾ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਵਲੋਂ ਮਿਹਨਤ ਨਾਲ ਨਿਭਾਈ ਗਈ ਡਿਊਟੀ ਸਦਕਾ ਅੱਜ ਜ਼ਿੰਦਗੀ ਆਮ ਵਾਂਗ ਹੋ ਗਈ ਹੈ।

ਉਨਾਂ ਜ਼ਿਲਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਬਿਨਾਂ ਜ਼ਰੂਰੀ ਕੰਮ ਦੇ ਘਰੋਂ ਬਾਹਰ ਨਿਕਲਣ ਤੋਂ ਗੁਰੇਜ਼ ਕੀਤਾ ਜਾਵੇ ਅਤੇ ਜੇਕਰ ਘਰੋਂ ਬਾਹਰ ਜਾਣਾ ਪੈਂਦਾ ਹੈ, ਤਾਂ ਮਾਸਕ, ਸੈਨੇਟਾਈਜ਼ਰ ਅਤੇ ਸਮਾਜਿਕ ਦੂਰੀ ਬਰਕਰਾਰ ਰੱਖਣੀ ਯਕੀਨੀ ਬਣਾਈ ਜਾਵੇ।ਉਨਾਂ ਜੋਰ ਦੇ ਕਿਹਾ ਕਿ ਸ਼ੋਸਲ ਡਿਸਟੈਂਸ਼ ਰੱਖਣਾ ਬਹੁਤ ਜਰੂਰੀ ਹੈ ਅਤੇ ਕੋਰੋਨਾ ਵਾਇਰਸ ਤੋਂ ਬਚਣ ਲਈ ਮਾਸਕ ਪਾਉਣਾ ਬਹੁਤ ਲਾਜ਼ਮੀ ਹੈ।

--------------

I/26818/2020

ਜ਼ਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

ਗੁਰਦਾਸਪੁਰ ਜ਼ਿਲੇ ਵਿਚ 2258 ਸ਼ੱਕੀ ਮਰੀਜਾਂ ਵਿਚੋਂ 2118 ਮਰੀਜਾਂ ਦੀ ਰਿਪੋਰਟ ਨੈਗਟਿਵ

ਗੁਰਦਾਸਪੁਰ, 21 ਮਈ ( ) ਡਾ. ਕਿਸ਼ਨ ਚੰਦ ਸਿਵਲ ਸਰਜਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲੇ ਅੰਦਰ ਕੋਰੋਨਾ ਵਾਇਰਸ ਬਿਮਾਰੀ ਦੇ 2258 ਸ਼ੱਕੀ ਮਰੀਜਾਂ ਵਿਚੋਂ 2118 ਮਰੀਜਾਂ ਦੀ ਰਿਪੋਰਟ ਨੈਗਟਿਵ ਆਈ ਹੈ, 130 ਕੋਰੋਨਾ ਪੀੜਤ ਅਤੇ 10 ਸੈਂਪਲ ਰਿਜੈਕਟ ਹੋਏ ਹਨ।

ਉਨਾਂ ਨੇ ਅੱਗੇ ਦੱਸਿਆ ਕਿ ਜ਼ਿਲ•ੇ ਅੰਦਰ 130 ਕੋਰੋਨਾ ਪੀੜਤਾਂ ਵਿਚੋਂ 01 ਵਿਅਕਤੀ ਪਿੰਡ ਭੈਣੀ ਪਸਵਾਲ ਦੀ ਮੋਤ ਹੋ ਚੁੱਕੀ ਹੈ ਅਤੇ 122 ਘਰਾਂ ਨੂੰ ਭੇਜੇ ਗਏ ਹਨ (114 ਠੀਕ ਹੋਏ ਹਨ, 08 ਘਰਾਂ ਅੰਦਰ ਏਕਾਂਤਵਾਸ ਕੀਤੇ ਗਏ ਹਨ)। 07 ਪੀੜਤ ਜਿਨਾਂ ਦੀ ਰਿਪੋਰਟ ਪੌਜ਼ਟਿਵ ਆਈ ਹੈ, ਪਰ ਉਨਾਂ ਵਿਚ ਕੋਰੋਨਾ ਵਾਇਰਸ ਦੇ ਨਿਰਧਾਰਿਤ ਲੱਛਣ ਨਹੀਂ ਹਨ ਅਤੇ ਉਹ ਤੰਦਰੁਸਤ ਹਨ। 02 ਪੀੜਤ ਧਾਰੀਵਾਲ ਅਤੇ 05 ਪੀੜਤ ਬਟਾਲਾ ਵਿਖੇ ਰੱਖੇ ਗਏ ਗਨ।

ਉਨਾਂ ਦੱਸਿਆ ਕਿ ਅੱਜ ਬਟਾਲਾ ਸਬ ਡਵੀਜ਼ਨ ਵਿਚ ਰਹਿਣ ਵਾਲੀਆਂ 04 ਗਰਭਵਤੀ ਔਰਤਾਂ ਦੀ ਰਿਪੋਰਟ ਪੋਜ਼ਟਿਵ ਆਈ ਹੈ ਪਰ ਉਨਾਂ ਵਿਚ ਵੀ ਕੋਰੋਨਾ ਵਾਇਰਸ ਦੇ ਨਿਰਧਾਰਿਤ ਲੱਛਣ ਨਹੀਂ ਹਨ ਅਤੇ ਉਹ ਤੰਦਰੁਸਤ ਹਨ।

ਇਸ ਤੋਂ ਪਹਿਲਾਂ 03 ਪੀੜਤਾਂ ਵਿਚ , ਇਕ ਔਰਤ ਤੇ ਨੌਜਵਾਨ ਪਿੰਡ ਠੀਕਰੀਵਾਲ ਬਲਾਕ ਕਾਹਨੂੰਵਾਨ ਦੇ ਹਨ, ਜੋ ਲੁਧਿਆਣਾ ਵਿਖੇ ਕੋਰੋਨਾ ਵਾਇਰਸ ਤੋਂ ਪ੍ਰਭਾਵਿਤ ਪੀੜਤ ਦੇ ਸੰਪਰਕ ਵਿਚ ਆਏ ਸਨ ਅਤੇ ਇਕ ਬਟਾਲਾ ਨਜ਼ਦੀਕ ਪਿੰਡ ਹਰੁਪਰਾ ਦਾ ਵਿਅਕਤੀ ਹੈ, ਜੋ ਦੂਸਰੇ ਰਾਜ ਵਿਚੋਂ ਇਥੇ ਆਇਆ ਹੈ। ਇਹ ਤਿੰਨੇ ਤੰਦਰੁਸਤ ਹਨ।

------------------